**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗੁਰਪ੍ਰੀਤ ਸਿੰਘ, (ਮੋਬ 98720-90755)
ਮਕਾਨ ਨੰ:364/30-ਡੀ,
ਮੁਹੱਲਾ ਨਿਊ ਆਤਮ ਨਗਰ, ਜਗਰਾਓਂ,
ਜ਼ਿਲ੍ਹਾ ਲੁਧਿਆਣਾ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪੰਜਾਬੀ ਯੂਨੀਵਰਸਿਟੀ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪੰਜਾਬੀ ਯੂਨੀਵਰਸਿਟੀ,
ਪਟਿਆਲਾ। -------ਉੱਤਰਦਾਤਾ

**ਅਪੀਲ ਕੇਸ ਨੰ:553/2019**

**ਹਾਜ਼ਰ:-**

1) ਸ਼੍ਰੀ ਗੁਰਪ੍ਰੀਤ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਐਂਜਿਲ ਸ਼ਰਮਾ, ਐਡਵੋਕੇਟ (98768-84444)।

**ਹੁਕਮ:**

ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਪੱਤਰ, ਮਿਤੀ 08-04-2019 ਦੀ ਕਾਪੀ ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾ ਚੁੱਕਾ ਹੈ ਪਰੰਤੂ ਉਸ ਨੂੰ ਅਜੇ ਤੱਕ ਸੋਧੀ ਹੋਈ ਸੂਚਨਾ ਪ੍ਰਾਪਤ ਨਹੀਂ ਹੋਈ। ਅਪੀਲਕਰਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਐਂਜਿਲ ਸ਼ਰਮਾ, ਐਡਵੋਕੇਟ ਨੇ ਮੰਨਿਆ ਹੈ ਕਿ ਅਪੀਲਕਰਤਾ ਵੱਲੋਂ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਉਨ੍ਹਾਂ ਨੂੰ ਸੂਚਿਤ ਕੀਤਾ ਗਿਆ ਹੈ ਅਤੇ ਤਰੁੱਟੀਆਂ ਨੂੰ ਦੂਰ ਕਰਨ ਉਪਰੰਤ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਵਾਸਤੇ ਕੁੱਝ ਸਮੇਂ ਦੀ ਮੰਗ ਕੀਤੀ ਗਈ ਹੈ।ਦੋਵੇਂ ਧਿਰਾਂ ਦੀ ਸਹਿਮਤੀ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 29-05-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 22 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਜੇਸ਼ ਰਾਣਾ, (90417-40899)
ਮਕਾਨ ਨੰ:788, ਗਲੀ ਨੰ:7,
ਤ੍ਰਿਪੜੀ ਟਾਊਨ, ਪਟਿਆਲਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ,
ਸਰਕਾਰੀ ਕਾਲਿਜ ਆਫ ਐਜੂਕੇਸ਼ਨ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ ਸਿੱਖਿਆ (ਕਾਲਿਜਾਂ) ਪੰਜਾਬ,
ਸਿੱਖਿਆ ਭਵਨ, ਫੇਜ਼ 8, ਮੁਹਾਲੀ। -------ਉੱਤਰਦਾਤਾ

**ਅਪੀਲ ਕੇਸ ਨੰ 554/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਕੇ.ਸੀ. ਸੂਦ (86992-53086)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਨਵਤੇਜ਼ ਸਿੰਘ, ਸੁਪਰਡੰਟ (98777-46279) ਅਤੇ ਸ਼੍ਰੀ ਵੀਰਦੇਵ ਸਿੰਘ, ਸਹਾਇਕ ਪ੍ਰੋਫੈਸਰ।

**ਹੁਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਕੇ.ਸੀ. ਸੂਦ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਨਵਤੇਜ਼ ਸਿੰਘ, ਸੁਪਰਡੰਟ ਨੇ ਕਿਹਾ ਹੈ ਕਿ ਉਨ੍ਹਾਂ ਵੱਲੋਂ ਕਮਿਸ਼ਨ ਦੇ ਹੁਕਮ, ਮਿਤੀ 25-03-2019 ਦੀ ਪਾਲਣਾ ਹਿੱਤ ਅਗਲੇ ਦਿਨ, ਮਿਤੀ 26-03-2019 ਨੂੰ ਹੀ ਸਬੰਧਤ ਸਟਾਫ ਨੂੰ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਸਬੰਧੀ ਹਦਾਇਤਾਂ ਜਾਰੀ ਕਰ ਦਿੱਤੀਆਂ ਗਈਆਂ ਸਨ ਪਰੰਤੂ ਅਪੀਲਕਰਤਾ ਵੱਲੋਂ ਹਦਾਇਤਾਂ ਨੋਟ ਕਰਨ ਤੋਂ ਇੰਨਕਾਰ ਕਰ ਦਿੱਤਾ ਗਿਆ ਸੀ ਅਤੇ ਨਾ ਹੀ ਉਸ ਵੱਲੋਂ ਪ੍ਰਾਪਤ ਹੋਈ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਹੀ ਲਿਖਤੀ ਰੂਪ ਵਿੱਚ ਸੂਚਿਤ ਕੀਤਾ ਗਿਆ ਹੈ। ਅਪੀਲਕਰਤਾ ਦਾ ਨੁਮਾਇੰਦਾ ਉੱਤਰਦਾਤਾ ਨੂੰ ਤਰੁੱਟੀਆਂ ਨੋਟ ਨਾ ਕਰਾਉਣ ਬਾਰੇ ਕੋਈ ਤਸੱਲੀਬਖਸ਼ ਉੱਤਰ ਨਹੀਂ ਦੇ ਸਕਿਆ। ਇਸ ਲਈ ਅਪੀਲਕਰਤਾ ਨੂੰ ਮੁੜ ਹਦਾਇਤ ਕੀਤੀ ਜਾਂਦੀ ਹੈ ਕਿ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕਰਦੇ ਹੋਏ ਈ.ਮੇਲ ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 04-06-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 22 ਅਪ੍ਰੈਲ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਜੇਸ਼ ਰਾਣਾ, (90417-40899)
ਮਕਾਨ ਨੰ:788, ਗਲੀ ਨੰ:7,
ਤ੍ਰਿਪੜੀ ਟਾਊਨ, ਪਟਿਆਲਾ।                -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ,
ਸਰਕਾਰੀ ਕਾਲਿਜ ਆਫ ਐਜੂਕੇਸ਼ਨ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ ਸਿੱਖਿਆ (ਕਾਲਿਜਾਂ) ਪੰਜਾਬ,
ਸਿੱਖਿਆ ਭਵਨ, ਫੇਜ਼ 8, ਮੁਹਾਲੀ।                -------ਉੱਤਰਦਾਤਾ

**ਅਪੀਲ ਕੇਸ ਨੰ 556/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਕੇ.ਸੀ. ਸੂਦ (86992-53086)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਨਵਤੇਜ਼ ਸਿੰਘ, ਸੁਪਰਡੰਟ (98777-46279) ਅਤੇ ਸ਼੍ਰੀ ਵੀਰਦੇਵ ਸਿੰਘ, ਸਹਾਇਕ ਪ੍ਰੋਫੈਸਰ।

**ਹੁਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਕੇ.ਸੀ. ਸੂਦ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਨਵਤੇਜ਼ ਸਿੰਘ, ਸੁਪਰਡੰਟ ਨੇ ਕਿਹਾ ਹੈ ਕਿ ਉਨ੍ਹਾਂ ਵੱਲੋਂ ਕਮਿਸ਼ਨ ਦੇ ਹੁਕਮ, ਮਿਤੀ 25-03-2019 ਦੀ ਪਾਲਣਾ ਹਿੱਤ ਅਗਲੇ ਦਿਨ, ਮਿਤੀ 26-03-2019 ਨੂੰ ਹੀ ਸਬੰਧਤ ਸਟਾਫ ਨੂੰ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਸਬੰਧੀ ਹਦਾਇਤਾਂ ਜਾਰੀ ਕਰ ਦਿੱਤੀਆਂ ਗਈਆਂ ਸਨ ਪਰੰਤੂ ਅਪੀਲਕਰਤਾ ਵੱਲੋਂ ਹਦਾਇਤਾਂ ਨੋਟ ਕਰਨ ਤੋਂ ਇੰਨਕਾਰ ਕਰ ਦਿੱਤਾ ਗਿਆ ਸੀ ਅਤੇ ਨਾ ਹੀ ਉਸ ਵੱਲੋਂ ਪ੍ਰਾਪਤ ਹੋਈ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਹੀ ਲਿਖਤੀ ਰੂਪ ਵਿੱਚ ਸੂਚਿਤ ਕੀਤਾ ਗਿਆ ਹੈ। ਅਪੀਲਕਰਤਾ ਦਾ ਨੁਮਾਇੰਦਾ ਉੱਤਰਦਾਤਾ ਨੂੰ ਤਰੁੱਟੀਆਂ ਨੋਟ ਨਾ ਕਰਾਉਣ ਬਾਰੇ ਕੋਈ ਤਸੱਲੀਬਖਸ਼ ਉੱਤਰ ਨਹੀਂ ਦੇ ਸਕਿਆ। ਇਸ ਲਈ ਅਪੀਲਕਰਤਾ ਨੂੰ ਮੁੜ ਹਦਾਇਤ ਕੀਤੀ ਜਾਂਦੀ ਹੈ ਕਿ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕਰਦੇ ਹੋਏ ਈ.ਮੇਲ ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 04-06-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 22 ਅਪ੍ਰੈਲ, 2019.**                ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗੁਰਪ੍ਰੀਤ ਸਿੰਘ, (ਮੋਬ 9872090755)
ਮਕਾਨ ਨੰ:364/30-ਡੀ,
ਮੁਹੱਲਾ ਨਿਊ ਆਤਮ ਨਗਰ, ਜਗਰਾਓਂ,
ਜ਼ਿਲ੍ਹਾ ਲੁਧਿਆਣਾ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪੰਜਾਬੀ ਯੂਨੀਵਰਸਿਟੀ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪੰਜਾਬੀ ਯੂਨੀਵਰਸਿਟੀ,
ਪਟਿਆਲਾ। -------ਉੱਤਰਦਾਤਾ

**ਅਪੀਲ ਕੇਸ ਨੰ:560/2019**

**ਹਾਜ਼ਰ:-**

1) ਸ਼੍ਰੀ ਗੁਰਪ੍ਰੀਤ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਐਂਜਿਲ ਸ਼ਰਮਾ, ਐਡਵੋਕੇਟ (98768-84444)।

**ਹੁਕਮ:**

ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਪੱਤਰ, ਮਿਤੀ 08-04-2019 ਦੀ ਕਾਪੀ ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾ ਚੁੱਕਾ ਹੈ ਪਰੰਤੂ ਉਸ ਨੂੰ ਅਜੇ ਤੱਕ ਸੋਧੀ ਹੋਈ ਸੂਚਨਾ ਪ੍ਰਾਪਤ ਨਹੀਂ ਹੋਈ। ਅਪੀਲਕਰਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਐਂਜਿਲ ਸ਼ਰਮਾ, ਐਡਵੋਕੇਟ ਨੇ ਮੰਨਿਆ ਹੈ ਕਿ ਅਪੀਲਕਰਤਾ ਵੱਲੋਂ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਉਨ੍ਹਾਂ ਨੂੰ ਸੂਚਿਤ ਕੀਤਾ ਗਿਆ ਹੈ ਅਤੇ ਤਰੁੱਟੀਆਂ ਨੂੰ ਦੂਰ ਕਰਨ ਉਪਰੰਤ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਵਾਸਤੇ ਕੁੱਝ ਸਮੇਂ ਦੀ ਮੰਗ ਕੀਤੀ ਗਈ ਹੈ।ਦੋਵੇਂ ਧਿਰਾਂ ਦੀ ਸਹਿਮਤੀ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 29-05-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 22 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਹਰਸਿਮਰ ਸਿੰਘ ਟਿਵਾਣਾ, ਐਡਵੋਕੇਟ, (98154-07555)
#3007, ਅਰਬਨ ਐਸਟੇਟ-2,
ਪਟਿਆਲਾ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਿਵੀਜ਼ਨਲ ਕਮਿਸ਼ਨਰ/
ਚੇਅਰਮੈਨ, ਫੀ ਰੈਗੂਲੇਟਰੀ ਬਾਡੀ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਵੀਜ਼ਨਲ ਕਮਿਸ਼ਨਰ/
ਚੇਅਰਮੈਨ, ਫੀ ਰੈਗੂਲੇਟਰੀ ਬਾਡੀ,
ਪਟਿਆਲਾ। ........ ਉੱਤਰਦਾਤਾ

**ਅਪੀਲ ਕੇਸ ਨੰ:133 ਆਫ਼ 2019**

**ਹਾਜ਼ਰ:-** 1) ਸ਼੍ਰੀ ਹਰਸਿਮਰ ਸਿੰਘ ਟਿਵਾਣਾ ਐਡਵੋਕੇਟ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 25-03-2019 ਤੇ ਅਪੀਲਕਰਤਾ ਨੇ ਹਾਜ਼ਰ ਹੋ ਕੇ ਦੱਸਿਆ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੁਖਬੀਰ ਸਿੰਘ, ਜੂਨੀਅਰ ਸਹਾਇਕ ਦਫ਼ਤਰ ਜ਼ਿਲ੍ਹਾ ਸਿੱਖਿਆ ਅਫਸਰ, ਪਟਿਆਲਾ ਨੇ ਪੱਤਰ ਨੰ:1005, ਮਿਤੀ 18-02-2019 ਪੇਸ਼ ਕੀਤਾ ਸੀ ਜਿਸ ਦੀ ਇੱਕ ਕਾਪੀ ਅਪੀਲਕਰਤਾ ਨੂੰ ਵੀ ਦੇ ਦਿੱਤੀ ਗਈ ਸੀ। ਅਪੀਲਕਰਤਾ ਨੇ ਕਿਹਾ ਸੀ ਕਿ ਇਹ ਸੂਚਨਾ ਅਧੂਰੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਦੱਸਿਆ ਗਿਆ ਸੀ ਕਿ ਅਪੀਲਕਰਤਾ ਕੋਲੋਂ ਮਿਤੀ 16-05-2018 ਨੂੰ ਪ੍ਰਾਪਤ ਹੋਈ ਸ਼ਿਕਾਇਤ ਦੀ ਪੜਤਾਲ ਵਧੀਕ ਡਿਪਟੀ ਕਮਿਸ਼ਨਰ, ਪਟਿਆਲਾ ਨੂੰ ਸੌਂਪੀ ਗਈ ਹੈ ਅਤੇ ਸੂਚਨਾ ਨਾਲ ਸਬੰਧਤ ਮਿਸਲ ਵਧੀਕ ਡਿਪਟੀ ਕਮਿਸ਼ਨਰ, ਪਟਿਆਲਾ ਕੋਲ ਹੈ। ਉਸ ਵੱਲੋਂ ਇਹ ਵੀ ਕਿਹਾ ਗਿਆ ਸੀ ਕਿ ਇਸ ਪੜਤਾਲ ਦਾ ਫੈਸਲਾ ਇੱਕ ਹਫ਼ਤੇ ਵਿੱਚ ਹੋਣ ਦੀ ਸੰਭਾਵਨਾ ਹੈ। ਪੜਤਾਲ ਮੁਕੰਮਲ ਹੋਣ ਤੇ ਸ਼ਿਕਾਇਤਕਰਤਾ ਨੂੰ ਮੁਕੰਮਲ ਸੂਚਨਾ ਮੁਹੱਈਆ ਕਰਵਾ ਦਿੱਤੀ ਜਾਵੇਗੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 22-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਨੇ ਅੱਜ ਫਿਰ ਹਾਜ਼ਰ ਹੋ ਕੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵਲੋਂ ਈ.ਮੇਲ, ਮਿਤੀ 22-04-2019 ਰਾਹੀਂ ਭੇਜੇ ਗਏ ਪੱਤਰ, ਮਿਤੀ 22-04-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਅਪੀਲਕਰਤਾ ਨੂੰ ਪੱਤਰ, ਮਿਤੀ 18-02-2019 ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ ਅਤੇ ਮੱਦ ਨੰ:9 ਅਨੁਸਾਰ ਮੰਗੀ ਗਈ ਪੜਤਾਲ ਰਿਪੋਰਟ ਬਾਰੇ ਚੇਅਰਮੈਨ, ਫੀਸ ਰੈਗੂਲੇਟਰੀ ਬੋਡੀ-ਕਮ-ਕਮਿਸ਼ਨਰ ਪਟਿਆਲਾ ਮੰਡਲ ਪਟਿਆਲਾ, ਪਟਿਆਲਾ ਵੱਲੋਂ ਘੋਖ ਕੇ ਸਕੂਲ ਵਿਰੁੱਧ ਪੈਂਡਿੰਗ ਸ਼ਿਕਾਇਤ ਕੇਸ ਦਾ ਫੈਸਲਾ ਲਿਆ ਜਾਣਾ ਬਾਕੀ ਹੈ ਅਤੇ ਚੇਅਰਮੈਨ, ਫੀਸ ਰੈਗੂਲੇਟਰੀ ਬੋਡੀ ਵੱਲੋਂ ਲੰਬਿਤ ਸ਼ਿਕਾਇਤ ਦਾ ਨਿਪਟਾਰਾ ਕਰਨ ਤੇ ਪੜਤਾਲ ਰਿਪੋਰਟ ਦੀ ਕਾਪੀ ਅਪੀਲਕਰਤਾ ਨੂੰ ਮੁਹੱਈਆ ਕਰਵਾ ਦਿੱਤੀ ਜਾਵੇਗੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਬਾਕੀ ਰਹਿੰਦੀ ਨੁਕਤਾ ਨੰ:9 ਬਾਰੇ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 04-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 22 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗੁਰਦੀਪ ਸਿੰਘ ਢੀਂਗੀ, (98153-44346)
ਪੁੱਤਰ ਸ਼੍ਰੀ ਹਰਨਾਮ ਸਿੰਘ,
ਵਾਸੀ ਬਲਾਕ ਨੰ:1,
ਮਕਾਨ ਨੰ:390,
ਧਰਮਪੁਰਾ ਮੁਹੱਲਾ, ਧੂਰੀ,
ਜ਼ਿਲ੍ਹਾ ਸੰਗਰੂਰ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਮਾਜਰੀ, ਜ਼ਿਲ੍ਹਾ ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ.ਵਧੀਕ ਡਿਪਟੀ ਕਮਿਸ਼ਨਰ (ਵਿਕਾਸ),
ਮੁਹਾਲੀ।

ਸ਼੍ਰੀਮਤੀ ਲਵਨੀਤ ਕੌਰ, ਏ.ਪੀ.ਓ.-ਕਮ-
ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ
ਪੰਚਾਇਤ ਅਫਸਰ, ਮਾਜਰੀ। .......... ਉੱਤਰਦਾਤਾ

**ਅਪੀਲ ਕੇਸ ਨੰ:2469 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਸ਼੍ਰੀ ਗੁਰਅਮਨਪ੍ਰੀਤ ਸਿੰਘ, ਲੋਕ ਸੂਚਨਾ ਅਧਿਕਾਰੀ, ਦਫਤਰ ਵਣ ਵਿਭਾਗ, ਜ਼ਿਲ੍ਹਾ ਮੁਹਾਲੀ (89681-55669)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 21-04-2018, ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਮਾਜਰੀ, ਜ਼ਿਲ੍ਹਾ ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ 01-04-2012 ਤੋਂ 31-03-2018 ਤੱਕ ਵਣ ਵਿਭਾਗ, ਸਿਸਵਾਂ ਨਾਲ ਸਬੰਧਤ ਨਰੇਗਾ ਮਜ਼ਦਰਾਂ ਦੇ ਮਸਟਰੋਲਾਂ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 24-07-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 27-08-2018 ਨੂੰ ਪਹਿਲੀ ਸੁਣਵਾਈ ਮਿਤੀ 19-09-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ। ਪਰੰਤੂ ਬਾਅਦ ਵਿੱਚ ਇਸ ਕੇਸ ਦੀ ਸੁਣਵਾਈ ਮੁਲਤਵੀ ਕਰਕੇ ਇਹ ਕੇਸ ਮਿਤੀ 16-10-2018 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

3. ਉੱਤਰਦਾਤਾ, ਸ਼੍ਰੀ ਗੁਰਅਮਨਪ੍ਰੀਤ ਸਿੰਘ, ਲੋਕ ਸੂਚਨਾ ਅਧਿਕਾਰੀ-ਕਮ-ਵਣ ਮੰਡਲ ਅਫਸਰ, ਐਸ.ਏ.ਐਸ. ਨਗਰ (ਮੁਹਾਲੀ) ਨੇ ਕਮਿਸ਼ਨ ਵੱਲੋਂ ਜਾਰੀ ਕੀਤੇ ਗਏ ਹੁਕਮ, ਮਿਤੀ 21-02-2019 ਜਿਸ ਰਾਹੀਂ ਕਮਿਸ਼ਨ ਵੱਲੋਂ ਉਸ ਨੂੰ 25000/-ਰੁਪਏ (ਕੇਵਲ ਪੱਚੀ ਹਾਜ਼ਰ ਰੁਪਏ) ਜੁਰਮਾਨੇ ਦੀ ਸਜ਼ਾ ਦਿੱਤੀ ਗਈ ਸੀ, ਵਿਰੁੱਧ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਆਪਣੇ ਪੱਤਰ ਨੰ:368, ਮਿਤੀ 22-04-2019 ਰਾਹੀਂ ਲਿਖਤੀ ਜਵਾਬ ਪੇਸ਼ ਕੀਤਾ ਗਿਆ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ, ਸ਼੍ਰੀ ਗੁਰਅਮਨਪ੍ਰੀਤ ਸਿੰਘ, ਜ਼ਿਲ੍ਹਾ ਵਣ ਅਫਸਰ-ਕਮ-ਲੋਕ ਸੂਚਨਾ ਅਧਿਕਾਰੀ, ਮੁਹਾਲੀ ਨੇ ਕਮਿਸ਼ਨ ਦੇ ਹੁਕਮ, ਮਿਤੀ 21-02-2019 ਬਾਰੇ ਸਪੱਸ਼ਟੀਕਰਣ ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਦਾ ਸਾਰਾ ਰਿਕਾਰਡ ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਮਾਜਰੀ ਪਾਸ ਮੌਜੂਦ ਮਸਟਰੋਲਾਂ ਵਿੱਚ ਉਪਲਬਧ ਹੈ। ਇਸ ਸੂਚਨਾ ਸਬੰਧੀ ਵਣ ਮੰਡਲ ਦਫ਼ਤਰ, ਮੁਹਾਲੀ, ਵਿਖੇ ਨਾ ਹੀ ਅਪੀਲਕਰਤਾ ਵੱਲੋਂ ਕੋਈ ਦਰਖਾਸਤ ਪ੍ਰਾਪਤ ਹੋਈ ਹੈ ਅਤੇ ਨਾ ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਮਾਜਰੀ ਵੱਲੋਂ ਇਸ ਦਫ਼ਤਰ ਨੂੰ ਅਪੀਲਕਰਤਾ ਦੀ ਦਰਖਾਸਤ ਤਬਦੀਲ ਕੀਤੀ ਗਈ ਹੈ। ਸਾਰੀ ਲਿਖਾ-ਪੜ੍ਹੀ ਵਣ ਰੇਂਜ ਅਫਸਰ, ਸੀਸਵਾਂ ਨਾਲ ਸਿੱਧੀ ਕੀਤੀ ਗਈ ਹੈ ਅਤੇ ਵਣ ਰੇਂਜ ਅਫਸਰ ਸੀਸਵਾਂ ਵੱਲੋਂ ਹਾਜ਼ਰ ਉੱਤਰਦਾਤਾ ਨੂੰ ਸੂਚਿਤ ਕੀਤੇ ਬਗੈਰ ਹੀ ਸ਼੍ਰੀ ਜੈ ਸਿੰਘ, ਬਲਾਕ ਅਫਸਰ ਰਾਹੀਂ ਕਮਿਸ਼ਨ ਵਿਖੇ ਆਪਣਾ ਪੱਖ ਰੱਖਣ ਲਈ ਭੇਜ ਦਿੱਤਾ ਗਿਆ ਸੀ ਅਤੇ ਸ਼੍ਰੀ ਜੈ ਸਿੰਘ ਵੱਲੋਂ ਕਮਿਸ਼ਨ ਵਿਖੇ ਵਣ ਰੇਂਜ ਅਫਸਰ ਸੀਸਵਾਂ ਦੀ ਤਰਫੋਂ ਪੱਖ ਰੱਖਦੇ ਹੋਏ ਬਿਆਨ ਦਿੱਤਾ ਗਿਆ ਸੀ ਕਿ ਇਹ ਸੂਚਨਾ ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਮਾਜਰੀ ਪਾਸ ਮੌਜੂਦ ਮਸਟਰੋਲਾਂ ਵਿੱਚ ਉਪਲਬਧ ਹੈ। ਇਸ ਸਬੰਧੀ ਵਣ ਰੇਂਜ ਅਫਸਰ ਸੀਸਵਾਂ ਵੱਲੋਂ ਹਾਜ਼ਰ ਉੱਤਰਦਾਤਾ ਨੂੰ ਨਾ ਹੀ ਕੋਈ ਲਿਖਤੀ ਸੂਚਨਾ ਭੇਜੀ ਗਈ ਅਤੇ ਨਾ ਹੀ ਜ਼ੁਬਾਨੀ ਸੂਚਨਾ ਦਿੱਤੀ ਗਈ ਸੀ, ਜਿਸ ਕਾਰਨ ਉਹ ਕਮਿਸ਼ਨ ਸਾਹਮਣੇ ਪੇਸ਼ ਹੋ ਕੇ ਆਪਣਾ ਪੱਖ ਨਹੀਂ ਰੱਖ ਸਕੇ। ਇਸ ਕਰਕੇ ਸ਼੍ਰੀ ਬਲਜਿੰਦਰ ਸਿੰਘ, ਵਣ ਰੇਂਜ ਅਫਸਰ, ਸੀਸਵਾਂ ਵੱਲੋਂ ਹਾਜ਼ਰ ਉੱਤਰਦਾਤਾ ਨੂੰ ਸੂਚਨਾ ਨਾ ਦੇਣ ਕਾਰਨ ਉਸ ਦੀ ਜਵਾਬ-ਤਲਬੀ ਕਰਦੇ ਹੋਏ ਉਸ ਵਿਰੁੱਧ ਅਨੁਸ਼ਾਸਨੀ ਕਾਰਵਾਈ ਆਰੰਭੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਆਪਣੇ ਜਵਾਬ ਰਾਹੀਂ ਇਹ ਵੀ ਸੂਚਿਤ ਕੀਤਾ ਗਿਆ ਹੈ ਕਿ ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਮਾਜਰੀ ਵੱਲੋਂ ਅਪੀਲਕਰਤਾ ਨੂੰ ਮਸਟਰੋਲਾਂ ਦੀਆਂ ਕਾਪੀਆਂ ਦਿੱਤੀਆਂ ਜਾ ਚੁੱਕੀਆਂ ਹਨ ਅਤੇ ਤਿੰਨਾਂ ਹੀ ਨੁਕਤਿਆਂ ਸਬੰਧੀ ਸੂਚਨਾ ਮਸਟਰੋਲਾਂ ਉਪਰ ਉਪਲਬਧ ਹੈ। ਇਸ ਤਰ੍ਹਾਂ ਵਣ ਮੰਡਲ, ਐਸ.ਏ.ਐਸ. ਨਗਰ ਦੇ ਦਫ਼ਤਰ ਵਿੱਚ ਇਸ ਸਬੰਧੀ ਕੋਈ ਸੂਚਨਾ/ਦਸਤਾਵੇਜ਼ ਉਪਲਬਧ ਨਹੀਂ ਹੈ। ਅਪੀਲਕਰਤਾ ਦੀ ਆਰ.ਟੀ.ਆਈ. ਉਨ੍ਹਾਂ ਦੇ ਧਿਆਨ ਵਿੱਚ ਪਹਿਲਾਂ ਕਦੇ ਵੀ ਨਹੀਂ ਲਿਆਂਦੀ ਗਈ ਜਿਸ ਕਾਰਨ ਉਹ ਕਮਿਸ਼ਨ ਦੇ ਹੁਕਮਾਂ ਅਨੁਸਾਰ ਪਹਿਲਾਂ ਕਮਿਸ਼ਨ ਵਿਖੇ ਹਾਜ਼ਰ ਨਹੀਂ ਹੋ ਸਕੇ। ਉਨ੍ਹਾਂ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਉਨ੍ਹਾਂ ਨੇ ਜਾਣ-ਬੁੱਝ ਕੇ ਕਮਿਸ਼ਨ ਦੇ ਹੁਕਮਾਂ ਪ੍ਰਤੀ ਕੋਈ ਅਣਗਹਿਲੀ ਨਹੀਂ ਕੀਤੀ ਗਈ। ਇਸ ਲਈ ਹਾਜ਼ਰ ਉੱਤਰਦਾਤਾ ਨੇ ਕਮਿਸ਼ਨ ਵੱਲੋਂ ਜਾਰੀ ਕੀਤਾ ਗਏ ਹੁਕਮ, ਮਿਤੀ 21-02-2109 ਵਾਪਸ ਲੈਣ ਅਤੇ ਜੁਰਮਾਨਾ ਮਾਫ਼ ਕਰਨ ਲਈ ਬੇਨਤੀ ਕੀਤੀ ਗਈ ਹੈ।

4. ਸ਼੍ਰੀਮਤੀ ਲਵਨੀਤ ਕੌਰ, ਏ.ਪੀ.ਓ.-ਕਮ-ਲੋਕ ਸੂਚਨਾ ਅਧਿਕਾਰੀ ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਮਾਜਰੀ ਵੱਲੋਂ ਕਮਿਸ਼ਨ ਦੇ ਹੁਕਮ, ਮਿਤੀ 21-02-2019 ਦੀ ਪਾਲਣਾ ਹਿੱਤ ਹਲਫੀਆ-ਬਿਆਨ, ਮਿਤੀ 22-02-2019 ਰਾਹੀਂ ਆਪਣਾ ਜਵਾਬ ਪਹਿਲਾਂ ਹੀ ਪੇਸ਼ ਕੀਤਾ ਹੋਇਆ ਹੈ। ਸਬੰਧਤ ਅਧਿਕਾਰੀ ਵੱਲੋਂ ਆਪਣੇ ਜਵਾਬ ਵਿੱਚ ਕਿਹਾ ਗਿਆ ਹੈ ਕਿ ਅਪੀਲਕਰਤਾ ਵੱਲੋਂ ਗਰਾਮ ਪੰਚਾਇਤ ਸਿਸਵਾਂ ਵਿਖੇ ਮਗਨਰੇਗਾ ਸਕੀਮ ਤਹਿਤ ਕੰਮ ਕਰਨ ਵਾਲੇ ਵਰਕਰਾਂ ਦੀ ਸੂਚਨਾ ਲੈਣ ਲਈ ਦਰਖਾਸਤ ਦਿੱਤੀ ਸੀ ਅਤੇ ਇਸ ਦਰਖਾਸਤ ਸਬੰਧੀ ਅਪੀਲਕਰਤਾ ਨੂੰ ਸੂਚਨਾ ਦੇਣ ਵਾਸਤੇ ਬਲਾਕ ਦਫ਼ਤਰ ਮਾਜਰੀ ਵੱਲੋਂ ਵਣ ਰੇਂਜ ਅਫਸਰ, ਸਿਸਵਾਂ ਨੂੰ ਲਿਖਿਆ ਗਿਆ ਸੀ ਅਤੇ ਇਸ ਬਾਰੇ ਅਪੀਲਕਰਤਾ ਨੂੰ ਵੀ ਸੂਚਿਤ ਕੀਤਾ ਗਿਆ ਸੀ। ਉਸ ਵੱਲੋਂ ਆਪਣੇ ਜਵਾਬ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਬਲਾਕ ਦਫ਼ਤਰ ਮਾਜਰੀ ਵੱਲੋਂ ਸਾਲ 2014 ਤੋਂ ਕੰਮ ਦੀ ਮਜ਼ਦੂਰੀ ਆਨ ਲਾਇਨ ਸ਼ੁਰੂ ਕੀਤੀ ਗਈ ਸੀ ਅਤੇ ਬਲਾਕ ਦਫ਼ਤਰ ਮਾਜਰੀ ਕੋਲ ਅਸਲ ਮਸਟਰੋਲ ਮੌਜੂਦ ਨਹੀਂ

ਚਲਦਾ----ਪੰਨਾ/3

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਹਨ ਅਸਲ ਮਸਟਰੋਲ ਵਣ ਵਿਭਾਗ ਸਿਸਵਾਂ ਕੋਲ ਹ**ਨ।** ਉਸ ਵੱਲੋਂ ਇਹ ਵੀ ਦੱਸਿਆ ਗਿਆ ਹੈ ਕਿ ਬਲਾਕ ਦਫ਼ਤਰ ਮਾਜਰੀ ਕੋਲ ਮਿਤੀ 20-02-2014 ਤੋਂ ਬਾਅਦ ਜੋ ਆਨ ਲਾਈਨ ਵੋਚਰ ਸਨ ਉਹ ਅਪੀਲਕਰਤਾ ਨੂੰ ਪੱਤਰ ਨੰ:561/ਮਗਨਰੇਗਾ, ਮਿਤੀ 18-02-2019 ਰਾਹੀਂ ਰਜਿਸਟਰਡ ਪੱਤਰ ਰਾਹੀਂ ਭੇਜੇ ਜਾ ਚੁੱਕੇ ਹਨ। ਇਸ ਤਰ੍ਹਾਂ ਸ਼੍ਰੀਮਤੀ ਲਵਨੀਤ ਕੌਰ, ਏ.ਪੀ.ਓ.-ਕਮ-ਲੋਕ ਸੂਚਨਾ ਅਧਿਕਾਰੀ ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਮਾਜਰੀ ਵੱਲੋਂ ਕਿਹਾ ਗਿਆ ਹੈ ਕਿ ਉਨ੍ਹਾਂ ਸੂਚਨਾ ਦੇਣ ਲਈ ਕੋਈ ਦੇਰੀ ਨਹੀਂ ਕੀਤੀ ਗਈ। ਸਬੰਧਤ ਅਧਿਕਾਰੀ ਵੱਲੋਂ ਪੇਸ਼ੀ, ਮਿਤੀ 21-02-2019 ਤੇ ਨਿੱਜੀ ਤੌਰ ਹਾਜ਼ਰ ਹੋ ਕੇ ਜ਼ਬਾਨੀ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾ ਚੁੱਕਾ ਹੈ ਅਤੇ ਪਹਿਲਾਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਨਾ ਕਰਾਉਣ ਬਾਰੇ ਮੁਆਫ਼ੀ ਵੀ ਮੰਗੀ ਜਾ ਚੁੱਕੀ ਹੈ।

5. ਉਪਰੋਕਤ ਦਰਸਾਈ ਗਈ ਸਥਿਤੀ ਦੇ ਸਨਮੁੱਖ ਉੱਤਰਦਾਤਾ, ਸ਼੍ਰੀ ਗੁਰਅਮਨਪ੍ਰੀਤ ਸਿੰਘ, ਲੋਕ ਸੂਚਨਾ ਅਧਿਕਾਰੀ,ਦਫਤਰ ਵਣ ਵਿਭਾਗ, ਜ਼ਿਲ੍ਹਾ ਮੁਹਾਲੀ ਵੱਲੋਂ ਪੇਸ਼ ਕੀਤਾ ਗਿਆ ਸਪੱਸ਼ਟੀਕਰਣ ਪ੍ਰਵਾਨ ਕਰਦੇ ਹੋਏ ਉਸ ਵਿਰੁੱਧ ਕਮਿਸ਼ਨ ਵੱਲੋਂ ਜਾਰੀ ਕੀਤੇ ਗਏ **ਹੁਕਮ, ਮਿਤੀ 21-02-2019 ਵਾਪਸ ਲਏ ਜਾਂਦੇ ਹਨ** ਅਤੇ ਸ਼੍ਰੀਮਤੀ ਲਵਨੀਤ ਕੌਰ, ਏ.ਪੀ.ਓ.-ਕਮ-ਲੋਕ ਸੂਚਨਾ ਅਧਿਕਾਰੀ ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਮਾਜਰੀ ਵੱਲੋਂ ਪੇਸ਼ ਕੀਤਾ ਗਿਆ ਸਪੱਸ਼ਟੀਕਰਣ ਪ੍ਰਵਾਨ ਕਰਦੇ ਹੋਏ ਉਸ ਵਿਰੁੱਧ ਕਮਿਸ਼ਨ ਵੱਲੋਂ ਹੁਕਮ, ਮਿਤੀ 21-01-2019 ਰਾਹੀਂ ਜਾਰੀ ਕੀਤਾ ਗਿਆ **ਕਾਰਨ ਦੱਸੋ ਨੋਟਿਸ ਖਾਰਜ** ਕੀਤਾ ਜਾਂਦਾ ਹੈ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਮੁਹੱਈਆ ਕਰਵਾਈ ਗਈ ਸੂਚਨਾ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਈ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 22 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ:-**

ਸ਼੍ਰੀ ਗੁਰਅਮਨਪ੍ਰੀਤ ਸਿੰਘ, ਲੋਕ ਸੂਚਨਾ ਅਧਿਕਾਰੀ,
ਦਫਤਰ ਵਣ ਵਿਭਾਗ, ਵਣ ਕੰਪਲੈਕਸ,
ਸੈਕਟਰ-68, ਜ਼ਿਲ੍ਹਾ ਮੁਹਾਲੀ।

ਮੁੱਖ ਵਣ ਪਾਲ, ਸ਼ਿਵਾਲਿਕ ਸਰਕਲ,
ਵਣ ਵਿਭਾਗ, ਵਣ ਕੰਪਲੈਕਸ,
ਸੈਕਟਰ-68, ਜ਼ਿਲ੍ਹਾ ਮੁਹਾਲੀ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਦਰਸ਼ਨ ਸਿੰਘ ਕੰਗ(ਮੋਬ 9464363290)
ਐਂਟੀ ਕੁਰੱਪਸ਼ਨ ਵਿੰਗ,
ਸਾਹਮਣੇ ਐਸ.ਡੀ.ਐਮ. ਦਫਤਰ,
ਸਮਰਾਲਾ, ਜ਼ਿਲ੍ਹਾ ਲੁੱਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਕੱਤਰ, ਸਕੂਲ ਸਿੱਖਿਆ,ਪੰਜਾਬ,
ਮੋਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਸਕੱਤਰ, ਸਕੂਲ ਸਿੱਖਿਆ ਪੰਜਾਬ,
ਮੁਹਾਲੀ। ------ਉੱਤਰਦਾਤਾ

**ਅਪੀਲ ਕੇਸ ਨੰ:537/2019**

**ਹਾਜ਼ਰ:-**

1) ਸ਼੍ਰੀ ਦਰਸ਼ਨ ਸਿੰਘ ਕੰਗ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਜੰਗ ਸਿੰਘ, ਸੁਪਰਡੰਟ (97800-89113) ਅਤੇ ਸ਼੍ਰੀ ਅਜੀਤ ਸਿੰਘ, ਸੀਨੀਅਰ ਸਹਾਇਕ (94631-89241)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 29-10-2018, ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਸਕੂਲ ਸਿੱਖਿਆ,ਪੰਜਾਬ, ਮੋਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੇ ਪੱਤਰ, ਮਿਤੀ 29-08-2018 ਤੇ ਕੀਤੀ ਗਈ ਕਾਰਵਾਈ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 11-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 28-01-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 28-02-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 27-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਜੰਗ ਸਿੰਘ, ਸੁਪਰਡੰਟ ਨੇ ਅਪੀਲਕਰਤਾ ਨੂੰ ਸੂਚਨਾ ਦੇਣ ਸਬੰਧੀ ਪੱਤਰ ਨੰ:4/237/2016-5ਸਿ4/, ਮਿਤੀ 22-04-2019 ਪੇਸ਼ ਕੀਤਾ ਹੈ ਜਿਸ ਦੀ ਇੱਕ ਕਾਪੀ ਅਪੀਲਕਰਤਾ ਨੂੰ ਪੇਸ਼ੀ ਦੌਰਾਨ ਦਸਤੀ ਦੇ ਦਿੱਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਨੇ ਸੂਚਨਾ ਪ੍ਰਾਪਤ ਕਰ ਲਈ ਹੈ ਅਤੇ ਪ੍ਰਾਪਤ ਸੂਚਨਾ ਤੇ ਸੰਤੁਸ਼ਟੀ ਪ੍ਰਗਟਾਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 22 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਦਰਸ਼ਨ ਸਿੰਘ ਕੰਗ (ਮੋਬ 9464363290)
ਐਂਟੀ ਕੁਰੱਪਸ਼ਨ ਵਿੰਗ, ਸਾਹਮਣੇ ਐੱਸ.ਡੀ.ਐਮ. ਦਫਤਰ,
ਸਮਰਾਲਾ, ਜ਼ਿਲ੍ਹਾ ਲੁਧਿਆਣਾ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ ਸਿੱਖਿਆ (ਸੈ/ਸਿ) ਪੰਜਾਬ,
ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ ਸਿੱਖਿਆ(ਸੈ/ਸਿ) ਪੰਜਾਬ,
ਮੁਹਾਲੀ। ------ਉੱਤਰਦਾਤਾ

**ਅਪੀਲ ਕੇਸ ਨੰ:538/2019**

**ਹਾਜ਼ਰ:-**

1) ਸ਼੍ਰੀ ਦਰਸ਼ਨ ਸਿੰਘ ਕੰਗ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਪਰਮਜੀਤ ਕੌਰ, ਸੁਪਰਡੰਟ (99882-54551) ਅਤੇ ਸ਼੍ਰੀ ਮਨਜੀਤ ਕੌਰ, ਸੀਨੀਅਰ ਸਹਾਇਕ (99887-38252)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 20-10-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ ਸਿੱਖਿਆ (ਸੈ/ਸਿ) ਪੰਜਾਬ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 01-01-2010 ਤੋਂ 30-10-2018 ਤੱਕ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਪ੍ਰਾਪਤ ਹੋਈਆਂ ਅਰਜ਼ੀਆਂ ਅਤੇ ਬਿਨੈਕਾਰਾਂ ਕੋਲੋਂ ਲਈ ਗਈ ਫੀਸ ਆਦਿ ਨਾਲ ਸਬੰਧਤ 06 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 31-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 28-01-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 28-02-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 27-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਪਰਮਜੀਤ ਕੌਰ, ਸੁਪਰਡੰਟ ਨੇ ਆਪਣਾ ਲਿਖਤੀ ਬਿਆਨ, ਮਿਤੀ 22-04-2019 ਪੇਸ਼ ਕੀਤਾ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਹਾਜ਼ਰ ਉੱਤਰਦਾਤਾ ਵੱਲੋਂ ਆਪਣੇ ਬਿਆਨ ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਕਮਿਸ਼ਨ ਦੇ ਹੁਕਮ, ਮਿਤੀ 27-03-2019 ਅਨੁਸਾਰ ਅਪੀਲਕਰਤਾ ਨੂੰ ਮਿਤੀ 27-03-2019 ਨੂੰ ਰਿਕਾਰਡ (ਆਰ.ਟੀ.ਆਈ. ਸ਼ਾਖਾ) ਦੀ ਇੰਸਪੈਕਸ਼ਨ ਕਰਵਾਈ ਗਈ ਸੀ ਜਿਸ ਸਬੰਧੀ ਉਸ ਵੱਲੋਂ ਤਸੱਲੀ ਪ੍ਰਗਟਾਈ ਗਈ ਸੀ। ਉਸ ਉਪਰੰਤ ਫਿਰ ਮਿਤੀ 09-04-2109 ਨੂੰ ਦਫ਼ਤਰ ਦੀਆਂ ਸਮੂਹ ਸ਼ਾਖਾਵਾਂ ਦਾ ਰਿਕਾਰਡ ਵੇਖਣ ਲਈ ਮਿਤੀ ਨਿਸਚਿਤ ਕਰਨ ਲਈ ਫੋਨ ਕੀਤਾ ਗਿਆ ਪਰੰਤੂ ਅਪੀਲਕਰਤਾ ਵੱਲੋਂ ਆਉਣ ਤੋਂ ਇੰਨਕਾਰ ਕਰ ਦਿੱਤਾ ਗਿਆ। ਇਸ ਲਈ ਹਾਜ਼ਰ ਉੱਤਰਦਾਤਾ ਵੱਲੋਂ ਇਹ ਕੇਸ ਦਾਖਲ ਦਫ਼ਤਰ ਕਰਨ ਲਈ ਬੇਨਤੀ ਕੀਤੀ ਗਈ ਹੈ।

3. ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ।ਇਸ ਕਰਕੇ ਅਦਪੀਲਕਰਤਾ ਵੱਲੋਂ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਹੈ। ਰਿਕਾਰਡ ਦੀ ਇੰਸਪੈਕਸ਼ਨ ਬਾਰੇ ਅਪੀਲਕਰਤਾ ਨੇ ਕਿਹਾ ਹੈ ਕਿ ਉੱਤਰਦਾਤਾ ਦਾ ਰਿਕਾਰਡ ਮੁਕੰਮਲ ਨਹੀਂ ਹੈ ਅਤੇ ਉਸ ਵੱਲੋਂ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਮੰਗੀ ਗਈ ਸੂਚਨਾ ਰਿਕਾਰਡ ਵਿੱਚ ਮੌਜੂਦ ਨਹੀਂ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਮਿਤੀ 27-03-2019 ਨੂੰ ਰਿਕਾਰਡ (ਆਰ.ਟੀ.ਆਈ. ਸ਼ਾਖਾ) ਦੀ ਇੰਸਪੈਕਸ਼ਨ ਕਰਵਾਈ ਗਈ ਸੀ ਪਰੰਤੂ ਅਪੀਲਕਰਤਾ ਵੱਲੋਂ ਰਿਕਾਰਡ ਦੀ ਇੰਸਪੈਕਸ਼ਨ ਕਰਨ ਉਪਰੰਤ ਪ੍ਰਾਪਤ ਕੀਤੀ ਜਾਣ ਵਾਲੀ ਸੂਚਨਾ ਦੀ ਸ਼ਨਾਖਤ ਕਰਕੇ ਉੱਤਰਦਾਤਾ ਨੂੰ ਸੂਚਿਤ ਨਹੀਂ ਕੀਤਾ ਗਿਆ। ਉਸ ਤੋਂ ਬਾਅਦ ਉੱਤਰਦਾਤਾ ਵੱਲੋਂ ਫਿਰ ਮਿਤੀ 09-04-2109 ਨੂੰ ਦਫ਼ਤਰ ਦੀਆਂ ਸਮੂਹ ਸ਼ਾਖਾਵਾਂ ਦਾ ਰਿਕਾਰਡ ਵੇਖਣ ਲਈ ਮਿਤੀ ਨਿਸਚਿਤ ਕਰਨ ਲਈ ਅਪੀਲਕਰਤਾ ਨੂੰ ਫੋਨ ਕੀਤਾ ਗਿਆ ਪਰੰਤੂ ਅਪੀਲਕਰਤਾ ਵੱਲੋਂ ਦਫ਼ਤਰ ਜਾਣ ਤੋਂ ਇੰਨਕਾਰ ਕਰ ਦਿੱਤਾ ਗਿਆ। ਇਸ ਤੋਂ ਜ਼ਾਹਿਰ ਹੈ ਕਿ ਅਪੀਲਕਰਤਾ ਸੂਚਨਾ ਪ੍ਰਾਪਤ ਕਰਨ ਲਈ ਸੰਜੀਦਾ ਨਹੀਂ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 22 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜੈਦੇਵ ਇੰਦਰ ਸਿੰਘ
ਇੰਦਰ ਭਵਨ ਕਾਟਜ ਚਾਰਲੀਵਿੱਲੇ ਰੋਡ, ਮਸੂਰੀ,
ਦੇਹਰਾਦੂਨ, ਉੱਤਰਾਖੰਡ-248179। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਨਗਰ ਸੁਧਾਰ ਟਰੱਸਟ,
ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ-ਕਮ-
ਚੈਅਰਮੈਨ, ਨਗਰ ਸੁਧਾਰ ਟਰੱਸਟ,
ਅੰਮ੍ਰਿਤਸਰ। -------ਉੱਤਰਦਾਤਾ

**ਅਪੀਲ ਕੇਸ ਨੰ 550/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਡਾਕਟਰ ਐਨ.ਐੱਲ. ਸ਼ਾਰਦਾ, ਐਡਵੋਕੇਟ (98140-50854)
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਾਜਨ ਸ਼ਰਮਾ, ਡਰਾਫਟਸਮੈਨ (96463-04030)

**ਹੁਕਮ:**

ਅੱਜ ਪੇਸ਼ੀ ਸਮੇਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰਾਜਨ ਸ਼ਰਮਾ, ਡਰਾਫਟਸਮੈਨ ਨੇ ਕਿਹਾ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਦਿੱਤੀ ਜਾ ਚੁੱਕੀ ਹੈ। ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਡਾਕਟਰ ਐਨ.ਐੱਲ. ਸ਼ਾਰਦਾ, ਐਡਵੋਕੇਟ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਦੋਵਾਂ ਧਿਰਾਂ ਵੱਲੋਂ ਆਪਸ ਵਿੱਚ ਵਿਚਾਰ-ਵਟਾਂਦਰੇ ਉਪਰੰਤ ਅਪੀਲਕਰਤਾ ਦੇ ਨੁਮਾਇੰਦੇ ਨੇ ਕਿਹਾ ਕਿ ਉਸ ਨੂੰ ਕੁਝ ਸੂਚਨਾ ਮਿਲ ਗਈ ਹੈ ਅਤੇ ਬਾਕੀ ਸੂਚਨਾ ਮੁਹੱਈਆ ਕਰਾਉਣ ਲਈ ਹਾਜ਼ਰ ਉੱਤਰਦਾਤਾ ਵੱਲੋਂ ਭਰੋਸਾ ਦਿੱਤਾ ਗਿਆ ਹੈ। ਇਸ ਲਈ ਦੋਵੇਂ ਧਿਰਾਂ ਦੀ ਸਹਿਮਤੀ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 04-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 22 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਵਾਸੀ ਪਿੰਡ ਭੋਲਾਪੁਰ ਝਾਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲੁਧਿਆਣਾ-123455. ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਉਪ ਮੰਡਲ ਮੈਜਿਸਟਰੇਟ,
ਅਮਲੋਹ, ਜ਼ਿਲ੍ਹਾ ਫਤਿਹਗੜ੍ਹ ਸਾਹਿਬ।

ਪਹਿਲੀ ਅਪੀਲੀ ਅਥਾਰਟੀ-ਕਮ-
ਡਿਪਟੀ ਕਮਿਸ਼ਨਰ,
ਫਤਿਹਗੜ੍ਹ ਸਾਹਿਬ। ....... ਉੱਤਰਦਾਤਾ

**ਅਪੀਲ ਕੇਸ ਨੰ:4033 ਆਫ਼ 2018**

**ਹਾਜ਼ਰ:-**

1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਬਿਮਲਾ ਰਾਣੀ, ਸੁਪਰਡੰਟ (97800-21710) ਅਤੇ ਸ਼੍ਰੀ ਹਰੀਸ਼ ਕੁਮਾਰ, ਰੀਡਰ(98152-25320) ਦਫ਼ਤਰ ਉਪ ਮੰਡਲ ਮੈਜਿਸਟਰੇਟ, ਅਮਲੋਹ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 13-08-2018, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਅਮਲੋਹ, ਜ਼ਿਲ੍ਹਾ ਫਤਿਹਗੜ੍ਹ ਸਾਹਿਬ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਜਨਵਰੀ ਸਾਲ 2010 ਤੋਂ ਲੈ ਕੇ ਜੁਲਾਈ, 2018 ਤੱਕ ਆਰ.ਟੀ.ਆਈ. ਦੇ ਫਾਰਮ "ਕ" ਰੂਲ 4(6) ਦੇ ਤਹਿਤ ਲਗਾਏ ਗਏ ਕੈਸ਼ ਰਜਿਸਟਰ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ।ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 15-09-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 26-11-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 27-12-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 29-01-2019 ਨੂੰ ਸਵੇਰੇ 11:30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਨੇ ਅੱਜ ਹਾਜ਼ਰ ਹੋ ਕੇ ਦੱਸਿਆ ਹੈ ਕਿ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਉਸ ਨੂੰ ਸੂਚਨਾ ਲੇਟ ਮਹੱਈਆ ਕਰਾਉਣ ਕਾਰਨ ਕਮਿਸ਼ਨ ਦੇ ਹੁਕਮ, ਮਿਤੀ 01-04-2019 ਅਨੁਸਾਰ ਉਸ ਨੂੰ ਅਜੇ ਤੱਕ ਮੁਆਵਜ਼ੇ ਵਜੋਂ 3000/-ਰੁਪਏ (ਕੇਵਲ ਤਿੰਨ ਹਜ਼ਾਰ ਰੁਪਏ) ਦੀ ਅਦਾਇਗੀ ਨਹੀਂ ਕੀਤੀ ਗਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਬਿਮਲਾ ਰਾਣੀ, ਸੁਪਰਡੰਟ ਵੱਲੋਂ ਪੱਤਰ ਨੰ:21/ਐਨ, ਮਿਤੀ 16-04-2019 ਰਾਹੀਂ ਆਪਣਾ ਜਵਾਬ ਪੇਸ਼ ਕੀਤਾ ਗਿਆ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਹਾਜ਼ਰ ਉੱਤਰਦਾਤਾ ਵੱਲੋਂ ਆਪਣੇ ਜਵਾਬ ਰਾਹੀਂ ਵਿਸਥਾਰ-ਪੂਰਵਕ ਵੇਰਵਾ ਦਿੰਦੇ ਹੋਏ ਕਮਿਸ਼ਨ ਦੇ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:4033 ਆਫ਼ 2018**

ਹੁਕਮ, ਮਿਤੀ 01-04-2019 ਨੂੰ ਦਾਖਲ ਦਫਤਰ ਕਰਨ ਲਈ ਬੇਨਤੀ ਕੀਤੀ ਗਈ ਜੋ ਕਿ ਕਮਿਸ਼ਨ ਵੱਲੋਂ ਵਿਚਾਰਨ ਉਪਰੰਤ ਰੱਦ ਕਰ ਦਿੱਤੀ ਗਈ। ਉਸ ਉਪਰੰਤ ਹਾਜ਼ਰ ਉੱਤਰਦਾਤਾ, ਸ਼੍ਰੀਮਤੀ ਬਿਮਲਾ ਰਾਣੀ, ਸੁਪਰਡੰਟ ਨੇ ਅਪੀਲਕਰਤਾ ਨੂੰ ਪੇਸ਼ੀ ਦੌਰਾਨ ਮੁਆਵਜ਼ੇ ਵਜੋਂ 3000/-ਰੁਪਏ (ਕੇਵਲ ਤਿੰਨ ਹਜ਼ਾਰ ਰੁਪਏ) ਦੀ ਨਕਦ ਅਦਾਇਗੀ ਕਰ ਦਿੱਤੀ ਗਈ ਹੈ।

4. ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਪਹਿਲਾਂ ਹੀ ਮੁਹੱਈਆ ਕਰਵਾਈ ਜਾ ਚੁੱਕੀ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 19(8)(ਅ) ਤਹਿਤ ਆਪਣੇ ਫੰਡ ਵਿੱਚੋਂ ਮੁਆਵਜ਼ੇ ਵਜੋਂ 3000/-ਰੁਪਏ (ਕੇਵਲ ਤਿੰਨ ਹਜ਼ਾਰ ਰੁਪਏ) ਦੀ ਰਾਸ਼ੀ ਦੀ ਹੁਣ ਸ਼੍ਰੀਮਤੀ ਬਿਮਲਾ ਰਾਣੀ, ਸੁਪਰਡੰਟ ਨੂੰ ਬੈਂਕ ਡਰਾਫ਼ਟ ਰਾਹੀਂ ਅਦਾਇਗੀ ਕਰ ਦਿੱਤੀ ਜਾਵੇ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 22 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਵਿਪਨ ਗਰੋਵਰ (ਜਰਨਲਿਸਟ), (98770-86735)
ਪਿੰਡ ਫਤਿਹਗੜ੍ਹ ਪੰਜਤੂਰ,
ਮੋਗਾ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਮੱਖੂ,ਜ਼ਿਲ੍ਹਾ ਫਿਰੋਜ਼ਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਫਿਰੋਜ਼ਪੁਰ। ....... ਉੱਤਰਦਾਤਾ

**ਅਪੀਲ ਕੇਸ ਨੰ:4066 ਆਫ਼ 2018**

**ਹਾਜ਼ਰ:-**

1) ਸ਼੍ਰੀ ਵਿਪਨ ਗਰੋਵਰ, ਅਪੀਲਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਨਛੱਤਰ ਸਿੰਘ, ਪੰਚਾਇਤ ਸਕੱਤਰ (88727-55300)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 13-08-2018, ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਮੱਖੂ, ਜ਼ਿਲ੍ਹਾ ਫਿਰੋਜ਼ਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਬਲਾਕ ਮੱਖੂ ਤਹਿਤ ਆਉਂਦੇ ਪਿੰਡ ਬੱਲ ਦੀ ਗ੍ਰਾਮ ਪੰਚਾਇਤ ਵੱਲੋਂ ਪੰਚਾਇਤ ਦੇ ਰਿਕਾਰਡ ਮੁਤਾਬਿਕ ਮਿਤੀ 26-07-2017 ਨੂੰ ਜਾਗਰਣ ਪ੍ਰਕਾਸ਼ਨ ਨੂੰ 5000/-ਰੁਪਏ ਦੀ ਇਸ਼ਤਿਹਾਰ ਦੇ ਰੂਪ ਵਿਚ ਕੀਤੀ ਗਈ ਅਦਾਇਗੀ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਗਈ ਸੀ।ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 17-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 29-11-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 30-01-2019 ਨੂੰ ਸਵੇਰੇ 11:30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਕਰਕੇ ਅਪੀਲਕਰਤਾ ਵੱਲੋਂ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਨਛੱਤਰ ਸਿੰਘ, ਪੰਚਾਇਤ ਸਕੱਤਰ ਨੇ ਪੱਤਰ ਨੰ:5003, ਮਿਤੀ 18-04-2019, ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਦੀ ਕਾਪੀ ਪੇਸ਼ ਕੀਤੀ ਹੈ ਜੋ ਕਿ ਮਿਸਲ ਤੇ ਰੱਖ ਲਈ ਗਈ ਹੈ। ਇਸ ਪੱਤਰ ਰਾਹੀਂ ਹਾਜ਼ਰ ਉੱਤਰਦਾਤਾ ਵੱਲੋਂ ਦੱਸਿਆ ਗਿਆ ਹੈ ਕਿ ਉਹ ਸੂਚਨਾ ਸਬੰਧੀ ਰਿਕਾਰਡ ਲੈ ਕੇ ਅਪੀਲਕਰਤਾ ਦੇ ਘਰ ਗਏ ਸੀ ਪਰੰਤੂ ਅਪੀਲਕਰਤਾ ਨੇ ਰਿਕਾਰਡ ਲੈਣ ਤੋਂ ਇੰਨਕਾਰ ਕਰ ਦਿੱਤਾ ਗਿਆ ਅਤੇ ਕਿਹਾ ਗਿਆ ਕਿ ਰਿਕਾਰਡ ਡਾਕ ਰਾਹੀਂ ਭੇਜਿਆ ਜਾਵੇ। ਇਸ ਕਰਕੇ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਮਿਤੀ 03-04-2019 ਅਤੇ ਮਿਤੀ 09-04-2019 ਨੂੰ ਰਜਿਸਟਰਡ ਡਾਕ ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ।

3. ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 22 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**